**ਦਫਤਰ: ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:),ਪੰਜਾਬ, ਐਸ.ਏ.ਐਸ. ਨਗਰ।**

ਹੁਕਮ ਨੰ: 10/14-09 ਅ-3(4) ਕੋ.ਸ.4
ਮਿਤੀ, ਐਸ.ਏ.ਐਸ.ਨਗਰ: 12-04-18

ਸ਼੍ਰੀਮਤੀ ਪਰਮਜੀਤ ਕੌਰ ਸਾਇੰਸ ਮਿਸਟ੍ਰੈਸ ਸਸਸਸ ਗੋਇੰਦਵਾਲ ਜਿਲ੍ਹਾ ਤਰਨਤਾਰਨ ਜੋ ਕਿ ਮਿਤੀ 28-12-07 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਾ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 10/14-09 ਅ-3(4) ਕੋ.ਸ.4/8141-43 ਮਿਤੀ 01-06-17/13-06-17 ਰਾਹੀਂ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਪਰਮਜੀਤ ਕੌਰ ਸਾਇੰਸ ਮਿਸਟ੍ਰੈਸ ਸਸਸਸ ਗੋਇੰਦਵਾਲ ਜਿਲ੍ਹਾ ਤਰਨਤਾਰਨ ਵਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿੱਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਹੁਕਮ ਨੰ: 10/14-09 ਅ-3(4) ਕੋ.ਸ.4/11339-43 ਮਿਤੀ 24-08-17/31-08-17 ਰਾਹੀਂ ਸ਼੍ਰੀ ਨਿਰਮਲ ਸਿੰਘ, ਜਿਲਾ ਸਿੱਖਿਆ ਅਫਸਰ(ਸੈ.ਸਿ.) ਤਰਨਤਾਰਨ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਮਿਤੀ 28-12-07 ਤੋਂ ਹੁਣ ਤੱਕ ਅਣਅਧਿਆਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਪਰਮਜੀਤ ਕੌਰ ਸਾਇੰਸ ਮਿਸਟ੍ਰੈਸ ਸਸਸਸ ਗੋਇੰਦਵਾਲ ਜਿਲ੍ਹਾ ਤਰਨਤਾਰਨ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 16-03-18 ਨੂੰ "ਦ ਟ੍ਰਿਬਿਊਨ" ਅਤੇ ਜੱਗਬਾਣੀ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦਾ ਅਤੇ ਉਸ ਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਪਰਮਜੀਤ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ;ਸਿੱ) ਪੰਜਾਬ ਐਸ.ਏ.ਐਸ ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਪਰਮਜੀਤ ਕੌਰ ਸਾਇੰਸ ਮਿਸਟ੍ਰੈਸ ਸਸਸਸ ਗੋਇੰਦਵਾਲ ਜਿਲ੍ਹਾ ਤਰਨਤਾਰਨ ਜੋ ਕਿ ਮਿਤੀ 28-12-07 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਪਰਮਜੀਤ ਸਿੰਘ, ਪੀ.ਸੀ.ਐਸ
ਡਾਇਰੈਕਟਰ ਸਿੱਖਿਆ ਵਿਭਾਗ (ਸੈ;ਸਿੱ)
ਪੰਜਾਬ ਐਸ.ਏ.ਐਸ ਨਗਰ

ਪਿੱਠ ਅੰਕਣ ਨੰ: ਉਕਤ। 2067269-71 ਮਿਤੀ ਐਸ.ਏ.ਐਸ ਨਗਰ : 17-04-18

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਜਿਲ੍ਹਾ ਸਿੱਖਿਆ ਅਫਸਰ ( ਸੈ;ਸਿੱ) ਤਰਨਤਾਰਨ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲੱਬਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
2. ਪ੍ਰਿੰਸੀਪਲ, ਸਸਸਸ ਗੋਇੰਦਵਾਲ ਜਿਲ੍ਹਾ ਤਰਨਤਾਰਨ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿੱਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਵੀ ਰਜਿਸਟਰਡ ਡਾਕ ਰਾਹੀਂ ਭੇਜੇ ਜਾਣ।
3. ਸ਼੍ਰੀਮਤੀ ਪਰਮਜੀਤ ਕੌਰ ਸਾਇੰਸ ਮਿਸਟ੍ਰੈਸ ਸਸਸਸ ਗੋਇੰਦਵਾਲ ਜਿਲ੍ਹਾ ਤਰਨਤਾਰਨ।

ਜਸਕੀਰਤ 16.04.18
(ਜਸਕੀਰਤ ਕੌਰ)
ਸਹਾਇਕ ਡਾਇਰੈਕਟਰ ਕੋਆਰਡੀਨੇਸ਼ਨ ਸ਼ਾਖਾ